# ਦਫ਼ਤਰ ਡਾਇਰੈਕਟਰ ਜਨਰਲ ਸਕੂਲ ਸਿੱਖਿਆ ਵਿਭਾਗ,ਪੰਜਾਬ
# ਸਰਵ ਸਿੱਖਿਆ ਅਭਿਆਨ ਅਥਾਰਟੀ (ਪੰਜਾਬ)

**ਐਸ.ਸੀ.ਓ.ਨੰ:104-106, ਦੂਜੀ ਅਤੇ ਤੀਜੀ ਮੰਜ਼ਿਲ ਸੈਕਟਰ 34-ਏ ਚੰਡੀਗੜ੍ਹ।**

---

ਵੱਲ

1. ਰਾਜ ਦੇ ਸਮੂਹ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿ.)
2. ਰਾਜ ਦੇ ਸਮੂਹ ਜ਼ਿਲ੍ਹਾ ਸਿੱਖਿਆ ਅਫ਼ਸਰ (ਐ.ਸਿ.)
3. ਰਾਜ ਦੇ ਸਮੂਹ ਜ਼ਿਲ੍ਹਾ ਸਾਇੰਸ ਸੁਪਰਵਾਈਜ਼ਰ
4. ਰਾਜ ਦੇ ਸਮੂਹ ਸਕੂਲ ਮੁੱਖੀ (ਵੈੱਬ-ਸਾਈਟ ਰਾਹੀਂ)

ਮੀਮੋ ਨੰ:ਸਸਅ/ਐਮਸੀ/2010/38127-129
ਮਿਤੀ,ਚੰਡੀਗੜ੍ਹ 21 ਮਈ 2010

**ਵਿਸ਼ਾ:-** **ਸਕੂਲਾਂ ਵਿੱਚ ਅਧਿਆਪਕਾਂ ਵੱਲੋਂ ਅਤੇ ਵਿਦਿਆਰਥੀਆਂ ਵੱਲੋਂ ਗਾਈਡ ਜਾਂ ਹੈਲਪ ਬੁੱਕ ਨਾ ਵਰਤਣ ਬਾਰੇ।**

**ਹਵਾਲਾ :-** **ਇਸ ਦਫ਼ਤਰ ਦੇ ਮੀਮੋ ਨੰ: ਸਸਅ/ਮੈਥ ਸੈੱਲ/09/51672-51711 ਮਿਤੀ 09-07-2009, ਚੰਡੀਗੜ੍ਹ ਦੇ ਹਵਾਲੇ ਵਿੱਚ।**

1.0 ਵਿਸ਼ੇ ਦੇ ਸਬੰਧ ਵਿੱਚ ਆਪ ਨੂੰ ਲਿਖਿਆ ਜਾਂਦਾ ਹੈ ਕਿ ਮੁੱਖ ਦਫ਼ਤਰ ਵੱਲੋਂ ਗਠਿਤ ਕੀਤੀਆਂ ਗਈਆਂ ਡਵੀਜ਼ਨ ਪੱਧਰ ਦੀਆਂ ਇੰਸਪੈਕਸ਼ਨ ਟੀਮਾਂ ਅਤੇ ਜ਼ਿਲ੍ਹਾ ਪੱਧਰ ਦੀ ਇੰਸਪੈਕਸ਼ਨ ਟੀਮਾਂ ਵੱਲੋਂ ਸਮੇਂ ਸਮੇਂ ਤੇ ਕੀਤੇ ਨਿਰਖਣਾਂ ਦੌਰਾਨ ਇਹ ਪਾਇਆ ਗਿਆ ਹੈ ਕਿ ਪੰਜਾਬ ਰਾਜ ਦੇ ਬਹੁਤ ਸਾਰੇ ਸਕੂਲਾਂ ਵਿੱਚ ਪਾਠ ਪੁਸਤਕਾਂ ਦੀ ਬਜਾਏ ਹੈਲਪ ਬੁੱਕਸ ਜਾਂ ਗਾਈਡ ਨੂੰ ਤਰਜੀਹ ਦਿੱਤੀ ਜਾਂਦੀ ਹੈ। ਸਿੱਖਿਆ ਮਾਹਿਰਾਂ ਵੱਲੋਂ ਹੈਲਪ ਬੁੱਕਸ ਜਾਂ ਗਾਈਡ ਵਰਤਣ ਦੀ ਪ੍ਰਥਾ ਨੂੰ ਵਿਦਿਆਰਥੀਆਂ ਦੇ ਬੋਧਿਕ ਵਿਕਾਸ ਦੇ ਰਾਹ ਵਿੱਚ ਬਹੁਤ ਵੱਡਾ ਰੋੜਾ ਦੱਸਿਆ ਗਿਆ ਹੈ। ਕਿਉਂਕਿ ਹੈਲਪ ਬੁੱਕਸ ਜਾਂ ਗਾਈਡਾਂ ਦੇ ਇਸਤੇਮਾਲ ਕਰਨ ਨਾਲ ਵਿਦਿਆਰਥੀਆਂ ਵੱਲੋਂ ਸਬੰਧਤ ਵਿਸ਼ੇ ਦੇ ਵਿਸਥਾਰ ਜਾਂ ਵਿਸ਼ੇ ਦੀ ਬੁਨਿਆਦੀ ਸਮਝ ਪ੍ਰਾਪਤ ਕਰਨ ਬਾਰੇ ਕੋਈ ਉਪਰਾਲੇ ਨਹੀਂ ਕੀਤੇ ਜਾਂਦੇ, ਜੋ ਕਿ ਚਿੰਤਾ ਦਾ ਵਿਸ਼ਾ ਹੈ। ਇਸ ਲਈ ਆਪ ਨੂੰ ਲਿਖਿਆ ਜਾਂਦਾ ਹੈ ਕਿ ਆਪਣੇ ਜ਼ਿਲ੍ਹੇ ਦੇ ਸਾਰੇ ਸਰਕਾਰੀ ਸਕੂਲਾਂ ਦੇ ਮੁਖੀਆਂ ਨੂੰ ਇਹ ਸਖ਼ਤ ਹਦਾਇਤਾਂ ਜਾਰੀ ਕੀਤੀਆਂ ਜਾਣ ਕਿ ਕੋਈ ਵੀ ਅਧਿਆਪਕ ਜਾਂ ਵਿਦਿਆਰਥੀ ਕਿਸੇ ਵੀ ਤਰ੍ਹਾਂ ਹੈਲਪ ਬੁੱਕਸ ਜਾਂ ਗਾਈਡਾਂ ਦੀ ਵਰਤੋਂ ਨਾ ਕਰੇ। ਇਸ ਦੇ ਨਾਲ ਅਧਿਆਪਕਾਂ ਨੂੰ ਇਹ ਵੀ ਹਦਾਇਤਾਂ ਜਾਰੀ ਕੀਤੀਆਂ ਜਾਣ ਕਿ ਬੱਚਿਆਂ ਨੂੰ ਸਮਝਾਉਣ ਲਈ ਆਪਣੇ ਪੱਧਰ ਤੇ ਟੀਚਿੰਗ/ਲਰਨਿੰਗ ਸਮਗਰੀ ਤਿਆਰ ਕੀਤੀ ਜਾਵੇ ਤਾਂ ਜੋ ਵਿਦਿਆਰਥੀਆਂ ਦੇ ਮਨ ਤੇ ਵਿਸ਼ੇ ਦਾ ਕੋਈ ਭਾਰ ਨਹੀਂ ਪਵੇ।

2.0 ਇਨ੍ਹਾਂ ਹਦਾਇਤਾਂ ਦੀ ਇਨ੍ਹਾਂ ਦੀ ਭਾਵਨਾ ਅਨੁਸਾਰ ਪਾਲਣਾ ਕੀਤੀ ਜਾਵੇ।

**ਡਾਇਰੈਕਟਰ ਜਨਰਲ ਸਕੂਲ ਸਿੱਖਿਆ**
**ਪੰਜਾਬ,ਚੰਡੀਗੜ੍ਹ**